# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 29-08-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਦੁਨੀਆ ਸਿਰਫ਼ ਭਾਰਤ ਨੂੰ ਦੇਖ ਹੀ ਨਹੀਂ ਰਹੀ ਬਲਕਿ  ਭਾਰਤ 'ਤੇ ਭਰੋਸਾ ਵੀ ਕਰ ਰਹੀ ਹੈ। ਟੋਕੀਓ ਵਿੱਚ ਭਾਰਤ-ਜਾਪਾਨ ਆਰਥਿਕ ਫੋਰਮ ਨੂੰ ਸੰਬੋਧਨ ਕਰਦੇ ਹੋਏ ਉਹਨਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੈਟਰੋ ਤੋਂ ਲੈ ਕੇ ਨਿਰਮਾਣ ਤੱਕ ਅਤੇ ਸਟਾਰਟ ਅੱਪ ਤੋਂ ਲੈ ਕੇ ਸੈਮੀ ਕੰਡਕਟਰ ਤੱਕ ਜਾਪਾਨ ਹਮੇਸ਼ਾ ਭਾਰਤ ਦੀ ਵਿਕਾਸ ਯਾਤਰਾ ਵਿਚ ਇਕ ਮਹੱਤਵਪੂਰਨ ਭਾਈਵਾਲ ਰਿਹਾ ਹੈ । ਉਨ੍ਹਾਂ ਕਿਹਾ ਕਿ ਜਾਪਾਨੀ ਕੰਪਨੀਆਂ ਦੁਆਰਾ ਭਾਰਤ ਵਿੱਚ 40 ਬਿਲੀਅਨ ਡਾਲਰ ਦਾ ਨਿਵੇਸ਼ ਕੀਤਾ ਗਿਆ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਰਤ ਵਿਚ ਰਾਜਨੀਤਿਕ ਤੇ ਆਰਥਿਕ ਸਥਿਰਤਾ ਏ  ਤੇ ਨੀਤੀਆਂ ਵਿਚ ਪਾਰਦਰਸ਼ਤਾ ਏ । ਉਨ੍ਹਾਂ ਕਿਹਾ ਕਿ ਭਾਰਤ ਜਲਦ ਹੀ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗਾ। ਪ੍ਰਧਾਨ ਮੰਤਰੀ ਨੇ

ਜਾਪਾਨੀ ਕੰਪਨੀਆਂ ਨੂੰ ਮੇਕ ਇਨ ਇੰਡੀਆ ਮੇਕ ਫਾਰ ਦ ਵਰਲਡ ਲਈ ਵੀ ਸੱਦਾ ਦਿੱਤਾ।

---------------------------------------------------------------

ਪੰਜਾਬ ਵਿੱਚ, ਗੁਰਦਾਸਪੁਰ, ਫਾਜ਼ਿਲਕਾ ਅਤੇ ਪਠਾਨਕੋਟ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਹੜ੍ਹ ਦਾ ਪਾਣੀ ਥੋੜ੍ਹਾ ਘੱਟ ਗਿਆ ਏ, ਪਰ ਅੰਮ੍ਰਿਤਸਰ ਤੇ ਫਿਰੋਜ਼ਪੁਰ ਜ਼ਿਲ੍ਹੇ ਅਜੇ ਵੀ ਪਾਣੀ ਦੇ ਕਹਿਰ ਦਾ ਸਾਹਮਣਾ ਕਰ ਰਹੇ ਨੇ। ਪਟਿਆਲਾ ਪ੍ਰਸ਼ਾਸਨ ਨੇ ਰਾਜਪੁਰਾ ਸਬ-ਡਿਵੀਜ਼ਨ ਤੇ ਡੇਰਾਬੱਸੀ ਸਬ-ਡਿਵੀਜ਼ਨ ਅਧੀਨ ਆਉਂਦੇ ਪਿੰਡਾਂ ਲਈ ਹੜ੍ਹ ਦੀ ਚੇਤਾਵਨੀ ਵੀ ਜਾਰੀ ਕੀਤੀ ਏ ਕਿਉਂਕਿ ਘੱਗਰ ਨਦੀ ਵਿੱਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ ਏ। ਕਿਸੇ ਸੂਚਨਾ ਲਈ ਰਾਜਪੁਰਾ ਦੇ ਫਲੱਡ ਕੰਟਰੋਲ ਰੂਮ ਦੇ ਨੰਬਰ 01762-224-132 'ਤੇ ਸੰਪਰਕ ਕੀਤਾ ਜਾ ਸਕਦਾ ਏ। ਰਾਜਪੁਰਾ ਦੇ ਐਸ ਡੀ ਐਮ ਅਵਿਕੇਸ਼ ਗੁਪਤਾ ਵੱਲੋਂ ਜਾਰੀ ਸਲਾਹ ਮੁਤਾਬਕ ਪਿੰਡਾਂ ਊਂਟਸਰ, ਨਨਹੇੜੀ, ਸੰਜਰਪੁਰ, ਲਾਛੜੂ, ਕਮਾਲਪੁਰ, ਰਾਮਪੁਰ, ਸੌਂਟਾ, ਮਾੜੂ ਤੇ ਚਮਾਰੂ ਸਮੇਤ ਨੇੜਲੇ ਇਲਾਕਿਆਂ ਦੇ ਵਸਨੀਕ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ।

ਜੇਕਰ ਜ਼ਿਆਦਾ ਪਾਣੀ ਆਉਣ ਦੀ ਕੋਈ ਸੂਚਨਾ ਹੋਵੇ ਤਾਂ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੰਟਰੋਲ ਰੂਮ ਨੰਬਰ 0175-235-0550 ਤੇ 235-8550 ਉਪਰ ਸੂਚਿਤ ਕੀਤਾ ਜਾਵੇ। ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਵੀ ਅਪੀਲ ਕੀਤੀ ਗਈ ਏ। ਸਾਡੇ ਜਲੰਧਰ ਤੋਂ ਪੱਤਰਕਾਰ ਨੇ ਦੱਸਿਆ ਏ ਕਿ ਇਸ ਦੌਰਾਨ, ਸਾਰੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਜੰਗੀ ਪੱਧਰ 'ਤੇ ਬਚਾਅ ਕਾਰਜ ਜਾਰੀ ਹਨ, ਜਿਸ ਵਿੱਚ ਭਾਰਤੀ ਫੌਜ, ਬੀਐਸਐਫ, ਐਨਡੀਆਰਐਫ, ਐਸਡੀਆਰਐਫ, ਪੰਜਾਬ ਪੁਲਿਸ ਅਤੇ ਸਵੈ-ਸੇਵੀ ਸੰਗਠਨ ਪ੍ਰਭਾਵਿਤ ਇਲਾਕਿਆਂ ਤੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਲਈ ਆਪਣੀਆਂ ਪੂਰੀਆਂ ਕੋਸ਼ਿਸ਼ਾਂ ਕਰ ਰਹੇ ਹਨ। ਗੁਰਦਾਸਪੁਰ ਵਿੱਚ ਫਸੇ ਲੋਕਾਂ ਲਈ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮੱਗਰੀ ਪਹੁੰਚਾਉਣ ਲਈ ਡਰੋਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੇਵਾਵਾਂ ਨਿਰੰਤਰ ਜਾਰੀ ਨੇ। ਪ੍ਰਭਾਵਿਤ ਇਲਾਕਿਆਂ ਵਿੱਚ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਪੀੜਤਾਂ ਤੱਕ ਪਹੁੰਚ ਕੇ ਹਰ ਸੰਭਵ ਮਦਦ ਦੇਣ ਲਈ ਕਾਰਜਸ਼ੀਲ ਨੇ।

---------------------------------------------------------

ਓਧਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਰਾਹਤ ਤੇ ਬਚਾਅ ਕਾਰਜਾਂ ਵਿਚ ਹੋਰ ਤੇਜ਼ ਲਿਆਉਣ ਦੇ ਨਾਲ-ਨਾਲ ਹੜ੍ਹਾਂ ਕਾਰਨ ਡੁੱਬੇ ਹੋਏ ਪਿੰਡਾਂ ਵਿੱਚ ਫਸੇ ਪਰਿਵਾਰਾਂ ਨੂੰ ਸਾਰੀ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਉਣ ਦੇ ਹੁਕਮ ਦਿੱਤੇ। ਇਸੇ ਦੌਰਾਨ  ਮੁੱਖ ਮੰਤਰੀ  ਨੇ ਪੂਰੀ ਕੈਬਨਿਟ ਤੇ ਆਮ ਆਦਮੀ ਪਾਰਟੀ (ਆਪ) ਦੇ ਸਾਰੇ ਵਿਧਾਇਕਾਂ ਨਾਲ ਮਿਲ ਕੇ ਸੂਬੇ ਵਿਚ ਹੜ੍ਹ ਰਾਹਤ ਕਾਰਜਾਂ ਲਈ ਆਪਣੀ ਇਕ ਮਹੀਨੇ ਦੀ ਤਨਖਾਹ ਦੇਣ ਦਾ ਫੈਸਲਾ ਕੀਤਾ ਏ। ਓਧਰ  ਪੰਜਾਬ ਦੇ ਕੈਬਨਿਟ ਮੰਤਰੀਆਂ ਤੇ ਸਥਾਨਕ ਵਿਧਾਇਕਾਂ ਵੱਲੋਂ ਨਿੱਜੀ ਤੌਰ ਉਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਪੰਜਾਬ ਸਰਕਾਰ ਦੇ ਯਤਨਾਂ ਨਾਲ 5290 ਲੋਕਾਂ ਨੂੰ ਹੜ੍ਹ ਪ੍ਰਭਾਵਿਤ ਖੇਤਰ ‘ਚੋਂ ਬਾਹਰ ਕੱਢਿਆ ਗਿਆ ਏ , ਜਿਸ ਵਿੱਚ ਗੁਰਦਾਸਪੁਰ ‘ਚ 2000, ਅੰਮ੍ਰਿਤਸਰ ‘ਚ 710, ਫਿਰੋਜਪੁਰ ‘ਚ 2000, ਕਪੂਰਥਲਾ ਵਿੱਚ 480 ਜਦਕਿ ਫਾਜਿਲਕਾ ‘ਚ 100 ਲੋਕਾਂ ਨੂੰ ਰੈਸਕਿਊ ਕੀਤਾ ਗਿਆ।

---

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਹੜ੍ਹਾਂ ਦੇ ਮੱਦੇਨਜ਼ਰ ਐਮਰਜੈਂਸੀ ਮੈਡੀਕਲ ਰਿਸਪਾਂਸ, ਪਾਣੀ ਤੋਂ ਪੈਦਾ ਹੋਣ ਵਾਲੀਆਂ ਤੇ ਵੈਕਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਸਬੰਧੀ ਵਿਆਪਕ ਸਮੀਖਿਆ ਲਈ ਮੀਟਿੰਗ ਕੀਤੀ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਤੁਰੰਤ ਦੇਖਭਾਲ ਤੇ ਰਾਹਤ ਪ੍ਰਦਾਨ ਕਰਨ ਲਈ ਵੱਡੇ ਪੱਧਰ ’ਤੇ ਮੈਡੀਕਲ ਟੀਮਾਂ ਭੇਜੀਆਂ ਜਾ ਰਹੀਆਂ ਨੇ ਤੇ ਸਰੋਤ ਜੁਟਾਏ ਜਾ ਰਹੇ ਨੇ।

---

ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ  ਦੱਸਿਆ ਏ ਕਿ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ.) ਵਲੋਂ ਜਾਪਾਨ ਦੇ ਆਈਚੀ ਸਟੀਲ ਕਾਰਪੋਰੇਸ਼ਨ (ਏ.ਐਸ.ਸੀ.) ਦੇ ਸਾਂਝੇ ਉੱਦਮ ਨਾਲ ਪੰਜਾਬ ਦੇ ਲੁਧਿਆਣਾ ਜ਼ਿਲ੍ਹੇ ਚ  ਇਕ ਨਵਾਂ ਗ੍ਰੀਨਫੀਲਡ ਸਪੈਸ਼ਲ ਐਂਡ ਅਲਾਏ ਸਟੀਲ ਪਲਾਂਟ ਸਥਾਪਤ ਕੀਤਾ ਜਾ ਰਿਹਾ ਏ। ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਦੀ ਕੁੱਲ ਲਾਗਤ 2500 ਕਰੋੜ

ਰੁਪਏ ਏ। ਅਲਾਏ ਅਤੇ ਸਪੈਸ਼ਲ ਸਟੀਲ ਦੀ 5 ਲੱਖ ਟਨ ਪ੍ਰਤੀ ਸਾਲ (ਟੀ.ਪੀ.ਏ.) ਦੀ ਸਥਾਪਿਤ ਸਮਰੱਥਾ ਨਾਲ ਹੀ ਪਲਾਂਟ ਸਟੀਲ ਸਬੰਧੀ ਘਰੇਲੂ ਅਤੇ ਵਿਸ਼ਵਵਿਆਪੀ ਆਟੋਮੋਟਿਵ ਜ਼ਰੂਰਤਾਂ ਨੂੰ ਪੂਰਾ ਕਰੇਗੀ। ਇਹ ਪਲਾਂਟ ਇਲੈਕਟ੍ਰਿਕ ਆਰਕ ਫਰਨੇਸ (ਈ.ਏ.ਐਫ) ਰੂਟ ਰਾਹੀਂ ਉਤਪਾਦਨ ਊਰਜਾ ਕੁਸ਼ਲਤਾ, ਕਾਰਬਨ ਨਿਕਾਸ ਨੂੰ ਘਟਾਉਣ ਅਤੇ ਸ਼ੁੱਧ ਸਟੀਲ ਉਤਪਾਦਨ ਨੂੰ ਯਕੀਨੀ ਬਣਾਏਗਾ।

-------------------------------------------------------

ਪੰਜਾਬ ਸਰਕਾਰ ਨੇ ਸਥਾਨਕ ਸਰਕਾਰਾਂ ਵਿਭਾਗ ਅਧੀਨ 8 ਨਵੀਆਂ ਸੇਵਾਵਾਂ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਏ। ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਨਵੀਆਂ ਸੇਵਾਵਾਂ ਦੇ ਮੁੱਖ ਨੁਕਤੇ ਸਾਂਝੇ ਕਰਦਿਆਂ ਦੱਸਿਆ ਕਿ ਸ਼ਹਿਰ ਨਿਵਾਸੀਆਂ ਲਈ ਪਾਲਤੂ ਜਾਨਵਰਾਂ ਦੇ ਲਾਇਸੈਂਸਾਂ ਦੀ ਆਨਲਾਈਨ ਅਰਜ਼ੀ ਤੇ ਜਾਰੀ ਕਰਨਾ, ਕਿਰਾਏ ਅਤੇ ਲੀਜ਼ ਸਮਝੌਤਿਆਂ ਦੇ ਪ੍ਰਬੰਧਨ ਲਈ ਡਿਜੀਟਲ ਪਲੇਟਫਾਰਮ, ਇਸ਼ਤਿਹਾਰਾਂ ਅਤੇ ਹੋਰਡਿੰਗਾਂ ਲਈ ਆਨਲਾਈਨ ਪ੍ਰਵਾਨਗੀਆਂ, ਟ੍ਰੈਫਿਕ ਅਤੇ ਹੋਰ ਉਲੰਘਣਾਵਾਂ ਲਈ ਚਲਾਨਾਂ ਦੀ ਈ-

ਚਲਾਨਿੰਗ ਜਾਰੀ ਕਰਨਾ ਅਤੇ ਨਾਗਰਿਕਾਂ ਲਈ ਕੂੜਾ ਫੀਸਾਂ ਦਾ ਆਨਲਾਈਨ ਭੁਗਤਾਨ ਆਦਿ ਪ੍ਰਮੁੱਖ ਸੇਵਾਵਾਂ ਹੋਣਗੀਆਂ । ਉਹਨਾਂ ਦੱਸਿਆ ਕਿ ਪੰਜਾਬ ਪਹਿਲਾਂ ਹੀ ਈ-ਗਵਰਨੈਂਸ ਸੇਵਾਵਾਂ ਪ੍ਰਦਾਨ ਕਰਨ ਵਿੱਚ ਮੋਹਰੀ ਸੂਬਾ ਏ ਤੇ ਇਨ੍ਹਾਂ ਨਵੀਆਂ ਪਹਿਲਕਦਮੀਆਂ ਕਰਨ ਦਾ ਸਾਡਾ ਉਦੇਸ਼, ਸ਼ਹਿਰੀ ਸੇਵਾਵਾਂ ਨੂੰ ਅਗਲੇ ਪੱਧਰ ‘ਤੇ ਲੈ ਕੇ ਜਾਣਾ ਹੈ ।